# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :08-07-2026**

ਸੰਸਦੀ ਮਾਮਲਿਆਂ ਦੇ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕੱਲ ਨਵੀਂ ਦਿੱਲੀ ਦੇ ਸੰਸਦ ਭਵਨ ਵਿਖੇ ਯੂਨੀਵਰਸਿਟੀਆਂ ਅਤੇ ਕਾਲਜਾਂ ਲਈ 17ਵੇਂ ਰਾਸ਼ਟਰੀ ਯੁਵਾ ਸੰਸਦ ਮੁਕਾਬਲੇ 2024-25 ਲਈ ਇਨਾਮ ਤਕਸੀਮ ਕੀਤੇ । ਕਸ਼ਮੀਰ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਪੰਜਾਬ ਦੇ ਦੋ ਅਤੇ ਹਰਿਆਣਾ ਦੇ ਇੱਕ ਵਿਦਿਅਕ ਸੰਸਥਾਨ ਨੂੰ ਜੇਤੂ ਐਲਾਨਿਆ ਗਿਆ ਏ । ਪੰਜਾਬ ਸਥਿਤ ਸੰਸਥਾਵਾਂ ਵਿੱਚ ਡੀ.ਏ.ਵੀ ਕਾਲਜ, ਜਲੰਧਰ ਅਤੇ ਬਠਿੰਡਾ ਦੀ ਕੇਂਦਰੀ ਯੂਨੀਵਰਸਿਟੀ ਪੰਜਾਬ ਜਦੋਂ ਕਿ, ਕੁਰੂਕਸ਼ੇਤਰ ਯੂਨੀਵਰਸਿਟੀ ਹਰਿਆਣਾ ਤੋਂ ਏ । ਇਸ ਪ੍ਰਾਪਤੀ ਬਾਰੇ ਡੀ.ਏ.ਵੀ ਕਾਲਜ, ਜਲੰਧਰ ਦੇ ਪ੍ਰਿੰਸੀਪਲ ਡਾ. ਅਨੂਪ ਕੁਮਾਰ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਕਿਹਾ ।

BYTE

ਇਹ ਮੁਕਾਬਲਾ ਦੇਸ਼ ਭਰ ਦੀਆਂ 51 ਯੂਨੀਵਰਸਿਟੀਆਂ ਅਤੇ ਕਾਲਜਾਂ ਦੀ ਭਾਗੀਦਾਰੀ ਨਾਲ ਆਯੋਜਿਤ ਕੀਤਾ ਗਿਆ ਸੀ। ਮੰਤਰਾਲਾ ਪਿਛਲੇ 29 ਸਾਲਾਂ ਤੋਂ ਸੰਸਦੀ ਪ੍ਰਕਿਰਿਆਵਾਂ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਬਾਰੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਵਧਾਉਣ ਲਈ ਯੂਨੀਵਰਸਿਟੀਆਂ ਅਤੇ ਕਾਲਜਾਂ ਲਈ ਯੁਵਾ ਸੰਸਦ ਮੁਕਾਬਲੇ ਕਰਵਾ ਰਿਹਾ ਏ।

---------------------------------------------------------

ਭਾਰਤੀ ਚੋਣ ਕਮਿਸ਼ਨ ਦੇ ਡਿਪਟੀ ਚੋਣ ਕਮਿਸ਼ਨਰ ਭਾਨੂ ਪ੍ਰਕਾਸ਼ ਯੇਤੂਰੂ, ਅਤੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR 2026 ਤਹਿਤ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ ਅਤੇ ਵਾਪਸ ਪ੍ਰਾਪਤੀ ਪ੍ਰੀਕਿਰਿਆ ਦੀ ਸਮੀਖਿਆ ਕਰਨ ਲਈ ਕੱਲ ਸ੍ਰੀ ਅੰਮ੍ਰਿਤਸਰ ਸਹਿਬ ਵਿੱਚ ਇੱਕ ਮੀਟਿੰਗ ਕੀਤੀ। ਸਮੀਖਿਆ ਮੀਟਿੰਗ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਹਿੱਸਾ ਲਿਆ। ਪੰਜਾਬ ਭਰ ਵਿਚ 25 ਜੂਨ ਨੂੰ ਸ਼ੁਰੂ ਹੋਈ SIR ਦੀ ਇਹ ਪ੍ਰਕਿਰਿਆ , 24 ਜੁਲਾਈ ਤੱਕ ਜਾਰੀ ਰਹੇਗੀ।

-----------------------------------------------------------

ਵੇਰਕਾ ਮਿਲਕਫੈੱਡ ਪੰਜਾਬ  ਨੇ 14.79 ਫੀਸਦ ਦੇ ਵਾਧੇ ਨਾਲ ਇਸ ਸਾਲ ਜੂਨ ਮਹੀਨੇ ਵਿੱਚ 551 ਕਰੋੜ ਰੁਪਏ ਦਾ ਕਾਰੋਬਾਰ ਦਰਜ ਕੀਤਾ ਏ  । ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਿਲਕਫੈੱਡ ਪੰਜਾਬ ਵਲੋਂ  71 ਕਰੋੜ ਰੁਪਏ ਦਾ ਇਹ ਬੇਮਿਸਾਲ ਵਾਧਾ ਸਾਲ-ਦਰ-ਸਾਲ 14.79 ਫੀਸਦ ਦੀ ਵਿਕਾਸ ਦਰ ਨੂੰ ਦਰਸਾਉਂਦਾ ਏ ਅਤੇ ਵੇਰਕਾ ਬ੍ਰਾਂਡ ਵਿੱਚ ਖਪਤਕਾਰਾਂ ਦੇ ਲਗਾਤਾਰ ਵਧ ਰਹੇ ਭਰੋਸੇ ਦੇ ਨਾਲ-ਨਾਲ ਪੰਜਾਬ ਦੇ ਸਹਿਕਾਰੀ ਡੇਅਰੀ ਖੇਤਰ ਦੀ ਵਧ ਰਹੀ ਮਜ਼ਬੂਤੀ ਦਾ ਸੰਕੇਤ ਏ।  ਮੁੱਖ ਮੰਤਰੀ ਨੇ ਕਿਹਾ ਕਿ ਜੂਨ ਦੌਰਾਨ ਦੁੱਧ ਦੀ ਖਰੀਦ ਵਿੱਚ ਵੀ ਰੋਜ਼ਾਨਾ ਲਗਭਗ ਦੋ ਲੱਖ ਲੀਟਰ ਦਾ ਵਾਧਾ ਹੋਇਆ ਏ , ਜੋ ਪਿਛਲੇ ਸਾਲ ਦੇ ਮੁਕਾਬਲੇ ਲਗਭਗ 11 ਫੀਸਦ ਵੱਧ ਏ । ਇਹ ਵਿਕਾਸ ਦਰ 5 ਤੋਂ 6 ਫੀਸਦ ਦੀ ਰਾਸ਼ਟਰੀ ਔਸਤ ਵਿਕਾਸ ਦਰ ਨਾਲੋਂ ਲਗਭਗ ਦੁੱਗਣੀ ਏ , ਜੋ ਡੇਅਰੀ ਖੇਤਰ ਵਿੱਚ ਪੰਜਾਬ ਦੀ ਸਹਿਕਾਰਤਾ ਲਹਿਰ ਦੀ ਨਿਰੰਤਰ ਹੋ ਰਹੀ ਪ੍ਰਗਤੀ ਦਾ ਪ੍ਰਮਾਣ ਏ। ਇਹ ਪ੍ਰਾਪਤੀ ਸਹਿਕਾਰਤਾ ਲਹਿਰ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਭਰ ਦੇ ਡੇਅਰੀ ਕਿਸਾਨਾਂ ਦੀ ਆਰਥਿਕ ਸਥਿਤੀ ਨੂੰ ਸੁਧਾਰਨ ਦੇ ਸਾਡੀ ਸਰਕਾਰ ਦੇ ਉਦੇਸ਼ ਨਾਲ ਮੇਲ ਖਾਂਦੀ ਏ। ਉਨ੍ਹਾਂ ਕਿਹਾ ਕਿ ਸਰਕਾਰ, ਲਗਾਤਾਰ ਪ੍ਰੋਸੈਸਿੰਗ ਸਮਰੱਥਾ ਵਧਾਉਣ, ਦੁੱਧ ਤੋਂ ਤਿਆਰ ਉਤਪਾਦਾਂ ਨੂੰ

ਉਤਸ਼ਾਹਿਤ ਕਰਨ, ਮਾਰਕੀਟ ਤੱਕ ਪਹੁੰਚ ਵਿੱਚ ਸੁਧਾਰ ਕਰਨ ਅਤੇ ਦੁੱਧ ਉਤਪਾਦਕਾਂ ਲਈ ਬਿਹਤਰ ਮੁਨਾਫਾ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਏ।

--------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ ਸ਼ਾਹਪੁਰਕੰਡੀ ਦੇ ਦੋ ਨਵੇਂ ਬਣਾਏ ਵਾਟਰ ਚੈਨਲਾਂ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਹਨਾਂ ਵਾਟਰ ਚੈਨਲਾਂ ਦੇ ਨਿਰਮਾਣ ਨਾਲ ਕਿਸਾਨਾਂ ਨੂੰ ਸਿੱਧੇ ਤੌਰ ਤੇ ਸਿੰਚਾਈ ਲਈ ਪਾਣੀ ਮਿਲ ਸਕੇਗਾ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹਾ ਪਠਾਨਕੋਟ ਵਿਖੇ ਰਣਜੀਤ ਸਾਗਰ ਡੈਮ, ਸ਼ਾਹਪੁਰਕੰਡੀ ਡੈਮ ਬੈਰਾਜ ਪ੍ਰੋਜੈਕਟ ਅਤੇ ਮਾਧੋਪੁਰ ਹੈੱਡਵਰਕਸ ਦਾ ਦੌਰਾ ਕਰਕੇ ਪਿਛਲੇ ਸਾਲ ਆਏ ਹੜ੍ਹਾਂ ਕਾਰਨ ਹੋਏ ਨੁਕਸਾਨ ਤੋਂ ਬਾਅਦ ਕਰਵਾਏ ਗਏ ਪੁਨਰ-ਨਿਰਮਾਣ ਅਤੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।
ਬਰਸਾਤ ਦੇ ਮੌਸਮ ਦੀਆਂ ਤਿਆਰੀਆਂ ਬਾਰੇ ਕੈਬਨਿਟ ਮੰਤਰੀ ਨੇ ਕਿਹਾ
।

BYTE

--------------------------------------------------------

ਵਣ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਪ੍ਰਧਾਨਗੀ ਹੇਠ ਜੰਗਲੀ ਜੀਵ ਬੋਰਡ ਦੀ ਸਥਾਈ ਕਮੇਟੀ ਦੀ ਪੰਜਵੀਂ

ਮੀਟਿੰਗ ਮੋਹਾਲੀ ਸਥਿਤ ਵਣ ਭਵਨ ਹੋਈ। ਇਸ ਮੀਟਿੰਗ ਵਿੱਚ ਪਿਛਲੇ ਸਾਲ ਦੌਰਾਨ ਰਾਜ ਵਿੱਚ ਆਏ ਹੜ੍ਹਾਂ ਕਾਰਨ ਦਰਿਆਵਾਂ ਵਿੱਚ ਰੇਤਾ ਜਮਾਂ ਹੋਣ ਕਾਰਨ ਆਉਣ ਵਾਲੇ ਸਮੇਂ ਦੌਰਾਨ ਹੜ੍ਹਾਂ ਤੋਂ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਅਤੇ ਦਰਿਆਵਾਂ ਦੇ ਬੇਹਤਰ ਪ੍ਰਬੰਧਨ ਲਈ ਜਲ ਸਰੋਤ ਵਿਭਾਗ, ਵੱਲੋਂ ਬਿਆਸ ਦਰਿਆ ਅਤੇ ਰਾਵੀ ਦਰਿਆ ਵਿੱਚ ਵੱਖ-ਵੱਖ ਥਾਵਾਂ ਤੇ ਡੀ-ਸਿਲਟਿੰਗ ਕਰਨ ਦੇ ਮੰਤਵ ਨਾਲ ਪੇਸ਼ ਕੀਤੀਆਂ ਗਈਆਂ 8 ਤਜਵੀਜ਼ਾਂ ਉੱਤੇ ਵਿਚਾਰ ਕੀਤਾ ਗਿਆ। ਦਰਿਆਵਾਂ ਦੀ ਬੇਹਤਰ ਸਾਂਭ ਸੰਭਾਲ, ਲੋਕਾਂ ਦੇ ਹਿੱਤ ਵਿੱਚ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਅਤੇ ਬੇਹਤਰ ਪ੍ਰਬੰਧਨ ਨੂੰ ਮੁੱਖ ਰੱਖਦੇ ਹੋਏ ਬਿਆਸ ਦਰਿਆ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਦੋ, ਕਪੂਰਥਲਾ ਦੀਆਂ ਤਿੰਨ ਤੇ ਗੁਰਦਾਸਪੁਰ ਦੀ ਇਕ ਸਾਈਟ ਅਤੇ ਰਾਵੀ ਦਰਿਆ ਵਿੱਚ ਕੱਥਲੋਰ-ਕੁਸ਼ਲਿਆ ਜੰਗਲੀ ਜੀਵ ਸੈਂਚੁਰੀ ਦੇ ਨਾਲ ਲੱਗਦੀ ਇਕ ਸਾਈਟ ਉੱਤੇ ਕੀਤੀ ਜਾਣ ਵਾਲੀ ਡੀ-ਸਿਲਟਿੰਗ ਸਬੰਧੀ ਤਜਵੀਜ਼ਾਂ ਨੂੰ ਪ੍ਰਵਾਨਗੀ ਲਈ ਜੰਗਲੀ ਜੀਵਨ ਬਾਰੇ ਰਾਸ਼ਟਰੀ ਬੋਰਡ ਦੀ ਸਥਾਈ ਕਮੇਟੀ ਨੂੰ ਭੇਜਣ ਦੀ ਸਿਫਾਰਿਸ਼ ਕੀਤੀ ਗਈ | ਮੀਟਿੰਗ ਵਿੱਚ ਵਣ ਵਿਭਾਗ ਅਤੇ ਜਲ ਸਰੋਤ ਵਿਭਾਗ ਦੇ ਸੀਨੀਅਰ ਅਧਿਕਾਰੀ ਮੌਜੂਦ ਰਹੇ।

---------------------------------------------------------

ਮੌਸਮ ਵਿਭਾਗ ਨੇ ਅਗਲੇ 2-3 ਦਿਨਾਂ ਵਿੱਚ, ਦੱਖਣ-ਪੱਛਮੀ ਮਾਨਸੂਨ

ਦੇ ਪੰਜਾਬ, ਹਰਿਆਣਾ ਤੇ ਰਾਜਸਥਾਨ ਦੇ ਬਾਕੀ ਹਿੱਸਿਆਂ ਵਿੱਚ ਅੱਗੇ ਵਧਣ ਦੀ ਸੰਭਾਵਨਾ ਜਤਾਈ ਏ। ਦਿੱਲੀ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ ਅਤੇ ਉੱਤਰ-ਪੂਰਬੀ ਭਾਰਤ ਦੇ ਕੁਝ ਹਿੱਸਿਆਂ ਵਿੱਚ, ਅੱਜ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਗਈ ਏ। ਇਸ ਦੌਰਾਨ ਰਾਸ਼ਟਰੀ ਰਾਜਧਾਨੀ ਦਿੱਲੀ ਦੇ ਕਈ ਹਿੱਸਿਆਂ ਵਿੱਚ ਅੱਜ ਸਵੇਰੇ ਮੀਂਹ ਪਿਆ |

---------------------------------------------------------